ਬਿਲਾਵਲੁ ਕੀ ਵਾਰ ਮਹਲਾ ੪
ੴ ਸਤਿਗੁਰ ਪ੍ਰਸਾਦਿ ॥
ਸਲੋਕ ਮਃ ੪ ॥ ਹਰਿ ਉਤਮੁ ਹਰਿ ਪ੍ਰਭੁ ਗਾਵਿਆ ਕਰਿ ਨਾਦੁ ਬਿਲਾਵਲੁ ਰਾਗੁ ॥ ਉਪਦੇਸੁ ਗੁਰੂ ਸੁਣਿ ਮੰਨਿਆ ਧੁਰਿ ਮਸਤਕਿ ਪੂਰਾ ਭਾਗੁ ॥ ਸਭ ਦਿਨਸੁ ਰੈਣਿ ਗੁਣ ਉਚਰੈ ਹਰਿ ਹਰਿ ਹਰਿ ਉਰਿ ਲਿਵ ਲਾਗੁ ॥ ਸਭੁ ਤਨੁ ਮਨੁ ਹਰਿਆ ਹੋਇਆ ਮਨੁ ਖਿੜਿਆ ਹਰਿਆ ਬਾਗੁ ॥ ਅਗਿਆਨੁ ਅੰਧੇਰਾ ਮਿਟਿ ਗਇਆ ਗੁਰ ਚਾਨਣੁ ਗਿਆਨੁ ਚਰਾਗੁ ॥ ਜਨੁ ਨਾਨਕੁ ਜੀਵੈ ਦੇਖਿ ਹਰਿ ਇਕ ਨਿਮਖ ਘੜੀ ਮੁਖਿ ਲਾਗੁ ॥੧॥ ਮਃ ੩ ॥ ਬਿਲਾਵਲੁ ਤਬ ਹੀ ਕੀਜੀਐ ਜਬ ਮੁਖਿ ਹੋਵੈ ਨਾਮੁ ॥ ਰਾਗ ਨਾਦ ਸਬਦਿ ਸੋਹਣੇ ਜਾ ਲਾਗੈ ਸਹਜਿ ਧਿਆਨੁ ॥ ਰਾਗ ਨਾਦ ਛੋਡਿ ਹਰਿ ਸੇਵੀਐ ਤਾ ਦਰਗਹ ਪਾਈਐ ਮਾਨੁ ॥ ਨਾਨਕ ਗੁਰਮੁਖਿ ਬ੍ਰਹਮੁ ਬੀਚਾਰੀਐ ਚੂਕੈ ਮਨਿ ਅਭਿਮਾਨੁ ॥੨॥ ਪਉੜੀ ॥ ਤੂ ਹਰਿ ਪ੍ਰਭੁ ਆਪਿ ਅਗੰਮੁ ਹੈ ਸਭਿ ਤੁਧੁ ਉਪਾਇਆ ॥ ਤੂ ਆਪੇ ਆਪਿ ਵਰਤਦਾ ਸਭੁ ਜਗਤੁ ਸਬਾਇਆ ॥ ਤੁਧੁ ਆਪੇ ਤਾੜੀ ਲਾਈਐ ਆਪੇ ਗੁਣ ਗਾਇਆ ॥ ਹਰਿ ਧਿਆਵਹੁ ਭਗਤਹੁ ਦਿਨਸੁ ਰਾਤਿ ਅੰਤਿ ਲਏ ਛਡਾਇਆ ॥ ਜਿਨਿ ਸੇਵਿਆ ਤਿਨਿ ਸੁਖੁ ਪਾਇਆ ਹਰਿ ਨਾਮਿ ਸਮਾਇਆ ॥੧॥
ਸ਼ਨੀਵਾਰ, ੨੩ ਹਾੜ (ਸੰਮਤ ੫੪੫ ਨਾਨਕਸ਼ਾਹੀ) ੬ ਜੁਲਾਈ, ੨੦੧੩ (ਅੰਗ : ੮੪੯)

ਗੁਰਬਾਣੀ ਵਿਚ ਰਾਗਾਂ ਦੀ ਵਡਿਆਈ ਕੀਤੀ ਗਈ ਹੈ ਪਰੰਤੂ ਰਾਗ ਨਾਦ ਪ੍ਰਮੇਸ਼ਵਰ ਦਾ ਜੱਸ ਗਾਉਣ ਲਈ ਹੀ ਵਰਤੇ ਜਾਣ । ਰਾਗਾਂ ਵਿਚ ਗਾਏ ਹਰਿਜੱਸ ਨਾਲ ਮਨ ਪ੍ਰਫੁਲਤ ਹੋ ਜਾਂਦਾ ਹੈ ਤੇ ਮਨ ਵਿਚ ਸੱਚੇ ਗਿਆਨ ਦਾ ਪ੍ਰਕਾਸ਼ ਹੁੰਦਾ ਹੈ ।ਪ੍ਰਮੇਸ਼ਰ ਦੇ ਨਾਮ ਦੀ ਵਡਿਆਈ ਬਿਲਾਵਲ ਰਾਗ ਵਿਚ ਗਾਈ ਜਾਵੇ ਇਨ੍ਹਾ ਰਾਗਾਂ ਨਾਲ ਮਨ ਨਾਮ ਵਿਚ ਸਹਿਜੇ ਹੀ ਟਿਕ ਜਾਂਦਾ ਹੈ । ਮਨ ਨਿਰਮਾਣ ਹੋਕੇ ਬ੍ਰਹਮ ਦੀ ਵਿਚਾਰ ਵਿਚ ਲੀਨ ਹੋ ਜਾਂਦਾ ਹੈ ।ਉਂਜ ਪ੍ਰਮੇਸ਼ਰ ਜੀਵ ਦੀ ਪਹੁੰਚ ਤੋਂ ਦੂਰ ਹੈ ਤੇ ਉਸਦਾ ਅਨੁਭਵ ਕਰਨਾ ਬਹੁਤ ਕਠਿਨ ਹੈ । ਪਰੰਤੂ ਗੁਰੂ ਦੀ ਸਿੱਖਿਆ ਦੁਆਰਾ ਉਹ ਸਾਰੇ ਸੰਸਾਰ ਵਿਚ ਵਰਤਦਾ ਹੋਇਆ ਅਨੁਭਵ ਹੁੰਦਾ ਹੈ । ਉਸਨੂੰ ਪ੍ਰਾਪਤ ਕਰਨ ਦਾ ਰਾਹ ਗੁਰੂ ਦੀ ਸਿੱਖਿਆ ਦੁਆਰਾ ਨਾਮ ਸਿਮਰਨ ਕਰਨਾ ਹੀ ਹੈ ।